# ਪੰਨਾ ੪੯੬

ਗੂਜਰੀ ਮਹਲਾ ੫ ॥ ਜਿਸੁ ਸਿਮਰਤ ਸਭਿ ਕਿਲਵਿਖ ਨਾਸਹਿ ਪਿਤਰੀ ਹੋਇ
ਉਧਾਰੋ ॥ ਸੋ ਹਰਿ ਹਰਿ ਤੁਮ੍ਹ ਸਦ ਹੀ ਜਾਪਹੁ ਜਾ ਕਾ ਅੰਤੁ ਨ ਪਾਰੋ ॥ ੧ ॥ ਪੂਤਾ
ਮਾਤਾ ਕੀ ਆਸੀਸ ॥ ਨਿਮਖ ਨ ਬਿਸਰਉ ਤੁਮ੍ਹ ਕਉ ਹਰਿ ਹਰਿ ਸਦਾ ਭਜਹੁ
ਜਗਦੀਸ ॥ ੧ ॥ ਰਹਾਉ ॥ ਸਤਿਗੁਰੁ ਤੁਮ੍ਹ ਕਉ ਹੋਇ ਦਇਆਲਾ ਸੰਤਸੰਗਿ ਤੇਰੀ
ਪ੍ਰੀਤਿ ॥ ਕਾਪੜੁ ਪਤਿ ਪਰਮੇਸਰੁ ਰਾਖੀ ਭੋਜਨੁ ਕੀਰਤਨੁ ਨੀਤਿ ॥ ੨ ॥ ਅੰਮ੍ਰਿਤੁ
ਪੀਵਹੁ ਸਦਾ ਚਿਰੁ ਜੀਵਹੁ ਹਰਿ ਸਿਮਰਤ ਅਨਦ ਅਨੰਤਾ ॥ ਰੰਗ ਤਮਾਸਾ ਪੂਰਨ
ਆਸਾ ਕਬਹਿ ਨ ਬਿਆਪੈ ਚਿੰਤਾ ॥ ੩ ॥ ਭਵਰੁ ਤੁਮ੍ਹਾਰਾ ਇਹੁ ਮਨੁ ਹੋਵਉ ਹਰਿ
ਚਰਣਾ ਹੋਹੁ ਕਉਲਾ ॥ ਨਾਨਕ ਦਾਸੁ ਉਨਿ ਸੰਗਿ ਲਪਟਾਇਓ ਜਿਉ ਬੂੰਦਹਿ
ਚਾਤ੍ਰਿਕੁ ਮਉਲਾ ॥ ੪ ॥ ੩ ॥ ੪ ॥